ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਨਾਡੇਪ ਕੰਪੋਸਟ ਰਾਹੀਂ ਪਿੰਡਾਂ ਵਿੱਚ ਪਈਆਂ ਰੂੜੀਆਂ ਦੀਆਂ ਢੇਰੀਆਂ ਤੋਂ ਮਿਲੇਗਾ ਛੁਟਕਾਰਾ- ਰਣਬੀਰ ਸਿੰਘ ਮੁੱਧਲ

### ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਮਿਲ ਸਕੇਗਾ ਲਾਭਪਾਤਰੀਆਂ ਨੂੰ ਰੁਜ਼ਗਾਰ ਤੇ ਰਾਸ਼ੀ

### ਲਾਭਪਾਤਰੀਆਂ ਨੂੰ ਨਾਡੇਪ ਕੰਪੋਸਟ ਵਰਤਣ ’ਤੇ ਮਿਲੇਗੀ ਰਾਸ਼ੀ

### ਕੰਪੋਸਟ ਵਰਤਣ ਨਾਲ ਪਿੰਡਾਂ ਦੀ ਬਦਲੇਗੀ ਨੁਹਾਰ

ਫਾਜ਼ਿਲਕਾ 25 ਅਕਤੂਬਰ

ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਰਣਬੀਰ ਸਿੰਘ ਮੁੱਧਲ ਨੇ ਦੱਸਿਆ ਕਿ ਮਗਨਰੇਗਾ ਸਕੀਮ ਤਹਿਤ ਨਾਡੇਪ ਕੰਪੋਸਟ ਪਿਟ ਰਾਹੀਂ ਪਿੰਡਾਂ ਵਿੱਚ ਲੱਗੇ ਰੂਹੜੀਆਂ ਦੇ ਢੇਰਾਂ ਤੋਂ ਹੁਣ ਛੁਟਕਾਰਾ ਮਿਲ ਸਕੇਗਾ। ਉਨ੍ਹਾਂ ਦੱਸਿਆ ਕਿ ਜੋ ਕਿਸਾਨ ਇਸ ਕੰਪੋਸਟ ਦੀ ਵਰਤੋਂ ਕਰੇਗਾ ਉਸ ਕਿਸਾਨ ਨੂੰ ਸੂਬਾ ਸਰਕਾਰ ਵੱਲੋਂ ਰਾਸ਼ੀ ਵੀ ਦਿੱਤੀ ਜਾਵੇਗੀ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਮਗਨਰੇਗਾ ਸਟਾਫ ਨਾਲ ਕੀਤੀ ਗਈ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿੰਡਾਂ ਵਿੱਚ ਥਾਂ-ਥਾਂ ’ਤੇ ਰੂੜੀਆਂ ਦੇ ਢੇਰ ਲੱਗੇ ਰਹਿੰਦੇ ਹਨ, ਜਿਸ ਕਾਰਨ ਪਿੰਡ ਵਾਸੀਆਂ ਨੂੰ ਕਾਫੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ ਤੇ ਪਿੰਡਾਂ ਦੀ ਸਾਫ-ਸਫਾਈ ’ਚ ਵੀ ਬੁਰਾ ਅਸਰ ਪੈਂਦਾ ਹੈ। ਉਨ੍ਹਾਂ ਹੋਰ ਦੱਸਿਆ ਕਿ 5 ਏਕੜ ਤੋਂ ਘੱਟ ਜ਼ਮੀਨ ਵਾਲੇ ਕਿਸਾਨ ਆਪਣਾ ਜੋਬ ਕਾਰਡ ਬਣਵਾ ਕੇ ਇਸ ਸਕੀਮ ਤਹਿਤ ਲਾਭ ਉਠਾ ਸਕਦੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਸ ਕੰਪੋਸਟ ਦੀ ਵਰਤੋਂ ਕਰਨ ਵਿੱਚ 10800 ਪ੍ਰਤੀ ਪਿਟ ਲਾਗਤ

ਆਉਂਦੀ ਹੈ ਜਿਸ ਦੀ ਸਰਕਾਰ ਦੁਆਰਾ ਲਾਭਪਾਤਰੀ ਦੇ ਖਾਤੇ ਵਿੱਚ ਅਦਾਇਗੀ ਕੀਤੀ ਜਾਂਦੀ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੁਆਰਾ ਸ਼ੁਰੂ ਕੀਤੀ ਗਈ ਅਵਾਸ ਯੋਜਨਾ ਤਹਿਤ ਲਾਭਪਾਤਰੀ ਕਾਫੀ ਲਾਭ ਉਠਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਲਾਭਪਾਤਰੀ 90 ਦਿਹਾੜੀਆਂ ਦਾ ਕੰਮ ਅਤੇ 20 ਹਜ਼ਾਰ ਰੁਪਏ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਤਹਿਤ ਲਾਭਪਾਤਰੀਆਂ ਨੂੰ ਪਖਾਨੇ ਵੀ ਬਣਾ ਕੇ ਦਿੱਤੇ ਜਾਣਗੇ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਲਾਭਪਾਤਰੀਆਂ ਨੂੰ ਉਜਵਲਾ ਸਕੀਮ ਅਧੀਨ ਗੈਸ ਕੁਨੈਕਸ਼ਨ ਵੀ ਦਿੱਤੇ ਜਾਣਗੇ।

ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਸ੍ਰੀ ਅਤੁਲ ਮੌਗਾ, ਸਮੂਹ ਏ.ਪੀ.ਓ. , ਟੀ.ਏ. ਅਤੇ ਹੋਰ ਅਧਿਕਾਰੀ ਹਾਜ਼ਰ ਸਨ।